ਗਉੜੀ ਮਹਲਾ ੫ ॥ ਸਭਹੂ ਕੋ ਰਸੁ ਹਰਿ ਹੋ ॥੧॥ ਰਹਾਉ ॥ ਕਾਹੂ ਜੋਗ ਕਾਹੂ ਭੋਗ ਕਾਹੂ ਗਿਆਨ ਕਾਹੂ ਧਿਆਨ ॥ ਕਾਹੂ ਹੋ ਡੰਡ ਧਰਿ ਹੋ ॥੧॥ ਕਾਹੂ ਜਾਪ ਕਾਹੂ ਤਾਪ ਕਾਹੂ ਪੂਜਾ ਹੋਮ ਨੇਮ ॥ ਕਾਹੂ ਹੋ ਗਉਨੁ ਕਰਿ ਹੋ ॥ ੨॥ ਕਾਹੂ ਤੀਰ ਕਾਹੂ ਨੀਰ ਕਾਹੂ ਬੇਦ ਬੀਚਾਰ ॥ ਨਾਨਕਾ ਭਗਤਿ ਪ੍ਰਿਅ ਹੋ ॥੩॥੨॥੧੫੫॥ {ਪੰਨਾ 213}

ਪਦਅਰਥ:- ਕੋ—ਦਾ। ਸਭਹੂ ਕੋ—ਸਾਰੇ ਹੀ ਜੀਵਾਂ ਦਾ। ਰਸੁ—ਸ੍ਰੇਸ਼ਟ ਆਨੰਦ। ਹੋ—ਹੇ ਭਾਈ! ਹਰਿ—ਹਰਿ ਨਾਮ।1। ਰਹਾਉ।

ਕਾਹੂ ਜੋਗ—ਕਿਸੇ ਨੂੰ ਜੋਗ ਕਮਾਣ ਦਾ ਰਸ ਹੈ। ਭੋਗ—ਦੁਨੀਆ ਦੇ ਪਦਾਰਥ ਮਾਨਣੇ। ਧਿਆਨ—ਸਮਾਧੀ ਲਾਣੀ। ਡੰਡ ਧਰਿ—ਡੰਡਾਧਾਰੀ ਜੋਗੀ।1।

ਤਾਪ—ਧੂਣੀਆਂ ਤਪਾਣੀਆਂ। ਹੋਮ—ਹਵਨ। ਨੇਮ—ਨਿੱਤ ਦੀ ਕਾਰ। ਗਉਨੁ—(ਧਰਤੀ ਉਤੇ) ਰਮਤੇ ਸਾਧੂ ਬਣ ਕੇ ਫਿਰਦੇ ਰਹਿਣਾ।2।

ਤੀਰ—ਕੰਢਾ, ਨਦੀ ਦਾ ਕੰਢਾ। ਨੀਰ—ਪਾਣੀ, ਤੀਰਥ-ਇਸ਼ਨਾਨ। ਪ੍ਰਿਅ—ਪਿਆਰਾ।3।

ਅਰਥ:- ਹੇ ਭਾਈ! ਪਰਮਾਤਮਾ ਦਾ ਨਾਮ ਹੀ ਸਭ ਜੀਵਾਂ ਦਾ ਸ੍ਰੇਸ਼ਟ ਆਨੰਦ ਹੈ।1। ਰਹਾਉ।

(ਪਰ) ਹੇ ਭਾਈ! (ਪ੍ਰਭੂ ਦੇ ਨਾਮ ਤੋਂ ਖੁੰਝ ਕੇ) ਕਿਸੇ ਮਨੁੱਖ ਨੂੰ ਜੋਗ ਕਮਾਣ ਦਾ ਸ਼ੌਕ ਪੈ ਗਿਆ ਹੈ, ਕਿਸੇ ਨੂੰ ਦੁਨੀਆ ਦੇ ਪਦਾਰਥ ਮਾਨਣ ਦਾ ਚਸਕਾ ਹੈ। ਕਿਸੇ ਨੂੰ ਗਿਆਨ-ਚਰਚਾ ਚੰਗੀ ਲੱਗਦੀ ਹੈ, ਕਿਸੇ ਨੂੰ ਸਮਾਧੀਆਂ ਪਸੰਦ ਹਨ ਤੇ ਕਿਸੇ ਨੂੰ ਡੰਡਾ-ਧਾਰੀ ਜੋਗੀ ਬਣਨਾ ਚੰਗਾ ਲੱਗਦਾ ਹੈ।1।

ਹੇ ਭਾਈ! (ਪਰਮਾਤਮਾ ਦਾ ਨਾਮ ਛੱਡ ਕੇ) ਕਿਸੇ ਨੂੰ (ਦੇਵੀ ਦੇਵਤਿਆਂ ਦੇ ਵੱਸ ਕਰਨ ਦੇ) ਜਾਪ ਪਸੰਦ ਆ ਰਹੇ ਹਨ, ਕਿਸੇ ਨੂੰ ਧੂਣੀਆਂ ਤਪਾਣੀਆਂ ਚੰਗੀਆਂ ਲੱਗਦੀਆਂ ਹਨ, ਕਿਸੇ ਨੂੰ ਦੇਵ-ਪੂਜਾ, ਕਿਸੇ ਨੂੰ ਹਵਨ ਆਦਿਕ ਦੀ ਨਿੱਤ ਦੀ ਕਾਰ ਪਸੰਦ ਹੈ ਤੇ ਕਿਸੇ ਨੂੰ (ਰਮਤਾ ਸਾਧੂ ਬਣ ਕੇ) ਧਰਤੀ ਉਤੇ ਤੁਰੇ ਫਿਰਨਾ ਚੰਗਾ ਲੱਗਦਾ ਹੈ।2।

ਹੇ ਭਾਈ! ਕਿਸੇ ਨੂੰ ਕਿਸੇ ਨਦੀ ਦੇ ਕੰਢੇ ਬੈਠਣਾ, ਕਿਸੇ ਨੂੰ ਤੀਰਥ-ਇਸ਼ਨਾਨ, ਤੇ ਕਿਸੇ ਨੂੰ ਵੇਦਾਂ ਦੀ ਵਿਚਾਰ ਪਸੰਦ ਹੈ। ਪਰ, ਹੇ ਨਾਨਕ! ਪਰਮਾਤਮਾ ਭਗਤੀ ਨੂੰ ਪਿਆਰ ਕਰਨ ਵਾਲਾ ਹੈ।3।2। 155।